# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 21-04-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ - ਭਾਰਤ ਸ਼ਾਸਨ, ਪਾਰਦਰਸ਼ਤਾ ਅਤੇ ਨਵੀਨਤਾ ਵਿੱਚ ਨਵੇਂ ਮਾਪਦੰਡ ਸਥਾਪਤ ਕਰ ਰਿਹਾ ਏ -ਸ਼੍ਰੀ ਮੋਦੀ ਨੇ ਨੌਜਵਾਨਾਂ, ਕਿਸਾਨਾਂ ਅਤੇ ਔਰਤਾਂ ਦੀਆਂ ਇੱਛਾਵਾਂ ਨੂੰ ਪੂਰਾ ਕਰਨ ਲਈ ਲੋਕ ਸੇਵਕਾਂ ਨੂੰ ਅਸਾਧਾਰਨ ਗਤੀ ਨਾਲ ਕੰਮ ਕਰਨ ਦੀ ਕੀਤੀ ਅਪੀਲ ।
- ਕਰਮਚਾਰੀ ਭਵਿੱਖ ਨਿਧੀ ਸੰਗਠਨ ਨੇ, ਇਸ ਸਾਲ ਫਰਵਰੀ ਮਹੀਨੇ ਦੌਰਾਨ, ਕੁੱਲ 16 ਲੱਖ 10 ਹਜ਼ਾਰ ਮੈਂਬਰਾਂ ਦਾ ਵਾਧਾ ਦਰਜ ਕੀਤਾ ।
- ਪੰਜਾਬ ਦੇ ਖ਼ੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਗੁਰਦਾਸਪੁਰ ਵਿਚ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ -ਕਿਹਾ ਕਿਸਾਨਾਂ ਨੂੰ ਖ਼ਰੀਦੀ ਗਈ ਫ਼ਸਲ ਦੀ ਅਦਾਇਗੀ 24 ਘੰਟੇ ਦੇ ਅੰਦਰ-ਅੰਦਰ ਕੀਤੀ ਜਾ ਰਹੀ ਏ ।
- ਮੋਗਾ ਜ਼ਿਲਾ ਪ੍ਰਸ਼ਾਸਨ ਵਲੋਂ ਨਸ਼ਾਂ ਛੱਡਣ ਵਾਲੇ ਨੌਜਵਾਨਾਂ ਨੂੰ ਕਿੱਤਾਮੁਖੀ ਸਿਖਲਾਈ ਦਿੱਤੀ ਜਾ ਰਹੀ ਏ ।

- IPL ਕ੍ਰਿਕਟ ਵਿੱਚ, ਕੋਲਕਾਤਾ ਨਾਈਟ ਰਾਈਡਰਜ਼ ਦਾ ਮੁਕਾਬਲਾ ਗੁਜਰਾਤ ਟਾਈਟਨਜ਼ ਨਾਲ ਹੋਵੇਗਾ।

---------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪਿਛਲੇ 10 ਸਾਲਾਂ ਵਿੱਚ, ਭਾਰਤ ਨੇ ਪ੍ਰਭਾਵਸ਼ਾਲੀ ਤਬਦੀਲੀ ਦੇਖੀ ਏ ਕਿਉਂਕਿ ਸਰਕਾਰ ਦੇਸ਼ ਵਿੱਚ ਸਮਾਵੇਸ਼ੀ ਵਿਕਾਸ ਨੂੰ ਯਕੀਨੀ ਬਣਾ ਰਹੀ ਏ । ਉਨ੍ਹਾਂ ਕਿਹਾ ਕਿ ਸੰਪੂਰਨ ਵਿਕਾਸ ਦਾ ਅਰਥ ਏ ਹਰ ਘਰ ਨੂੰ ਸਾਫ਼ ਪਾਣੀ, ਹਰ ਬੱਚੇ ਨੂੰ ਮਿਆਰੀ ਸਿੱਖਿਆ, ਹਰ ਉੱਦਮੀ ਨੂੰ ਵਿੱਤੀ ਸਰੋਤ ਅਤੇ ਹਰ ਪਿੰਡ ਨੂੰ ਡਿਜੀਟਲ ਅਰਥਵਿਵਸਥਾ ਦੇ ਲਾਭ ਮਿਲਣਾ ਏ । ਸ਼੍ਰੀ ਮੋਦੀ ਨੇ ਇਹ ਗੱਲ ਨਵੀਂ ਦਿੱਲੀ ਵਿੱਚ 17ਵੇਂ ਸਿਵਲ ਸੇਵਾਵਾਂ ਦਿਵਸ ਦੇ ਮੌਕੇ 'ਤੇ ਲੋਕ ਸੇਵਕਾਂ ਨੂੰ ਸੰਬੋਧਨ ਕਰਦਿਆਂ ਕਹੀ। ਦੇਸ਼ ਦੇ ਨੌਜਵਾਨਾਂ, ਕਿਸਾਨਾਂ ਅਤੇ ਔਰਤਾਂ ਦੀਆਂ ਇੱਛਾਵਾਂ ਨੂੰ ਪੂਰਾ ਕਰਨ ਲਈ ਇੱਕ ਅਸਧਾਰਨ ਗਤੀ ਨਾਲ ਕੰਮ ਕਰਨ ਦੀ ਜ਼ਰੂਰਤ ਦਾ ਜ਼ਿਕਰ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੇ ਸੁਪਨੇ ਬੇਮਿਸਾਲ ਉਚਾਈਆਂ 'ਤੇ ਪਹੁੰਚ ਰਹੇ ਹਨ।**BYTE:**

ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਸ਼ਾਸਨ, ਪਾਰਦਰਸ਼ਤਾ ਅਤੇ ਨਵੀਨਤਾ ਵਿੱਚ ਨਵੇਂ ਮਾਪਦੰਡ ਸਥਾਪਤ ਕਰ ਰਿਹਾ ਏ । **BYTE:**

ਪ੍ਰਧਾਨ ਮੰਤਰੀ ਨੇ ਤੇਜ਼ੀ ਨਾਲ ਬਦਲਦੇ ਸਮੇਂ ਵਿੱਚ ਵਿਸ਼ਵ ਚੁਣੌਤੀਆਂ 'ਤੇ ਨੇੜਿਓਂ ਨਜ਼ਰ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਭੋਜਨ, ਪਾਣੀ ਅਤੇ ਊਰਜਾ ਸੁਰੱਖਿਆ ਅਜੇ ਵੀ ਇੱਕ ਵੱਡੀ ਚੁਣੌਤੀ ਬਣੀ ਹੋਈ ਏ।**BYTE:** ਇਸ ਮੌਕੇ 'ਤੇ, ਪ੍ਰਧਾਨ ਮੰਤਰੀ ਨੇ ਜ਼ਿਲ੍ਹਿਆਂ ਦੇ ਸਮੁੱਚੇ ਵਿਕਾਸ, ਖਾਹਿਸ਼ੀ ਬਲਾਕ ਪ੍ਰੋਗਰਾਮ ਅਤੇ ਨਵੀਨਤਾ ਵਰਗਾਂ ਵਿੱਚ ਜਨਤਕ ਸੇਵਕਾਂ ਨੂੰ ਲੋਕ ਪ੍ਰਸ਼ਾਸਨ ਵਿੱਚ ਉੱਤਮਤਾ ਲਈ ਪ੍ਰਧਾਨ ਮੰਤਰੀ ਪੁਰਸਕਾਰ ਪ੍ਰਦਾਨ ਕੀਤੇ। ਉਨ੍ਹਾਂ ਦੋ ਈ-ਕਿਤਾਬਾਂ ਵੀ ਜਾਰੀ ਕੀਤੀਆਂ।

---------------------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਸਿਵਲ ਸੇਵਾਵਾਂ ਦਿਵਸ 'ਤੇ ਸਾਰੇ ਸਿਵਲ ਸੇਵਕਾਂ ਨੂੰ ਵਧਾਈ ਦਿੱਤੀ ਏ। ਸੋਸ਼ਲ ਮੀਡੀਆ 'ਤੇ, ਉਨ੍ਹਾਂ ਕਿਹਾ ਕਿ ਜਨਤਕ ਸੇਵਾ, ਨੀਤੀ ਨਿਰਮਾਣ ਅਤੇ ਇਸ ਨੂੰ ਲਾਗੂ ਕਰਨ ਵਿੱਚ ਸਿਵਲ ਸੇਵਕਾਂ ਦੀ ਭੂਮਿਕਾ ਨੇ ਨਾਗਰਿਕਾਂ ਦੀ ਭਲਾਈ ਅਤੇ ਦੇਸ਼ ਦੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਏ।

---------------------------------------------------------------------------------

ਕਰਮਚਾਰੀ ਭਵਿੱਖ ਨਿਧੀ ਸੰਗਠਨ (EPFO) ਨੇ ਇਸ ਸਾਲ ਫਰਵਰੀ ਮਹੀਨੇ ਦੌਰਾਨ ਕੁੱਲ 16 ਲੱਖ 10 ਹਜ਼ਾਰ ਮੈਂਬਰਾਂ ਦਾ ਵਾਧਾ ਦਰਜ ਕੀਤਾ ਏ। ਇਹ ਫਰਵਰੀ 2024 ਦੇ ਮੁਕਾਬਲੇ ਲਗਭਗ 4 ਫੀਸਦੀ ਦਾ ਵਾਧਾ ਦਰਸਾਉਂਦਾ ਏ। ਕਿਰਤ ਅਤੇ ਰੁਜ਼ਗਾਰ ਮੰਤਰਾਲਾ ਇਸ ਵਾਧੇ ਦਾ

ਕਾਰਨ ਵਧਦੇ ਰੁਜ਼ਗਾਰ ਦੇ ਮੌਕਿਆਂ, ਕਰਮਚਾਰੀਆਂ ਦੇ ਲਾਭਾਂ ਪ੍ਰਤੀ ਵੱਧ ਰਹੀ ਜਾਗਰੂਕਤਾ ਅਤੇ ਕਰਮਚਾਰੀ ਭਵਿੱਖ ਨਿਧੀ ਸੰਗਠਨ ਦੇ ਪ੍ਰਭਾਵਸ਼ਾਲੀ ਜਨ ਸੰਪਰਕ ਪਹਿਲਕਦਮੀਆਂ ਨੂੰ ਦਿੱਤਾ  ਏ। ਕਰਮਚਾਰੀ ਭਵਿੱਖ ਨਿਧੀ ਸੰਗਠਨ ਦੇ ਅੰਕੜਿਆਂ ਅਨੁਸਾਰ, ਫਰਵਰੀ 2025 ਵਿੱਚ ਲਗਭਗ 7 ਲੱਖ 39 ਹਜ਼ਾਰ ਨਵੇਂ ਮੈਂਬਰ ਜੋੜੇ ਗਏ ਸਨ। ਅੰਕੜੇ ਇਹ ਵੀ ਦਰਸਾਉਂਦੇ ਹਨ ਕਿ 18 ਤੋਂ 25 ਸਾਲ ਦੀ ਉਮਰ ਸਮੂਹ ਵਿੱਚ 4 ਲੱਖ 27 ਹਜ਼ਾਰ ਨਵੇਂ ਮੈਂਬਰ ਸ਼ਾਮਲ ਹੋਏ। ਇਸੇ ਮਹੀਨੇ ਦੌਰਾਨ ਲਗਭਗ 2 ਲੱਖ 8 ਹਜ਼ਾਰ ਔਰਤਾਂ ਵੀ ਨਵੇਂ ਮੈਂਬਰਾਂ ਵਜੋਂ ਸ਼ਾਮਲ ਹੋਈਆਂ, ਜੋ ਕਿ ਪਿਛਲੇ ਸਾਲ ਦੀ ਇਸੇ ਮਿਆਦ ਦੇ ਮੁਕਾਬਲੇ 1.26 ਫੀਸਦੀ ਦਾ ਵਾਧਾ ਦਰਸਾਉਂਦਾ ਏ।

---------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੋਪ ਫਰਾਂਸਿਸ ਦੇ ਦੇਹਾਂਤ 'ਤੇ ਸੋਗ ਪ੍ਰਗਟ ਕੀਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ ਪੋਪ ਫਰਾਂਸਿਸ ਨੂੰ ਦੁਨੀਆ ਭਰ ਦੇ ਲੱਖਾਂ ਲੋਕ ਹਮੇਸ਼ਾ ਦਇਆ, ਨਿਮਰਤਾ ਅਤੇ ਅਧਿਆਤਮਿਕ ਹਿੰਮਤ ਦੇ ਪ੍ਰਤੀਕ ਵਜੋਂ ਯਾਦ ਕਰਨਗੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਛੋਟੀ ਉਮਰ ਤੋਂ ਹੀ ਪੋਪ ਨੇ, ਪ੍ਰਭੂ ਯਿਸੂ ਮਸੀਹ ਦੇ ਆਦਰਸ਼ਾਂ ਨੂੰ ਸਾਕਾਰ ਕਰਨ ਲਈ ਆਪਣੇ ਆਪ ਨੂੰ ਸਮਰਪਿਤ ਕਰ ਦਿੱਤਾ ਸੀ। ਉਨ੍ਹਾਂ ਗਰੀਬਾਂ ਅਤੇ ਵਾਂਝਿਆਂ ਦੀ ਸੇਵਾ

ਕਰਨਾ ਆਪਣਾ ਫਰਜ਼ ਸਮਝਿਆ ਅਤੇ  ਉਨ੍ਹਾਂ ਲਈ ਉਮੀਦ ਦੀ ਭਾਵਨਾ ਪੈਦਾ ਕੀਤੀ। ਸ਼੍ਰੀ ਮੋਦੀ ਨੇ ਪੋਪ ਫਰਾਂਸਿਸ ਨਾਲ ਆਪਣੀਆਂ ਮੁਲਾਕਾਤਾਂ ਨੂੰ ਯਾਦ ਕੀਤਾ ਅਤੇ ਕਿਹਾ ਕਿ ਉਹ, ਸਮਾਵੇਸ਼ੀ ਅਤੇ ਸਰਬਪੱਖੀ ਵਿਕਾਸ ਪ੍ਰਤੀ ਉਨ੍ਹਾਂ ਦੇ ਸਮਰਪਣ ਤੋਂ ਬਹੁਤ ਪ੍ਰੇਰਿਤ ਸਨ। ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਭਾਰਤ ਦੇ ਲੋਕਾਂ ਪ੍ਰਤੀ, ਪੋਪ ਫਰਾਂਸਿਸ ਦਾ ਪਿਆਰ ਹਮੇਸ਼ਾ ਯਾਦ ਰੱਖਿਆ ਜਾਵੇਗਾ।  ਏਧਰ ਸ਼੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ  ਨੇ ਵੀ ਪੌਪ ਫਰਾਂਸਿਸ ਦੇ ਅਕਾਲ ਚਲਾਣੇ ਤੇ ਕੀਤਾ ਡੂੰਘੇ ਦੁਖ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਉਨ੍ਹਾਂ ਈਸਾਈ ਧਰਮ ਦੇ ਪ੍ਰਚਾਰ ਲਈ ਸੇਵਾ ਨਿਭਾਈ। ਉਨ੍ਹਾਂ ਵਾਹਿਗੁਰੂ ਅੱਗੇ ਪੋਪ ਫਰਾਂਸਿਸ ਦੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਚ ਸਦੀਵੀਂ ਨਿਵਾਸ ਬਖਸ਼ਣ ਦੀ ਅਰਦਾਸ ਕੀਤੀ।

---------------------------------------------------------------------------

ਪੰਜਾਬ  ਦੇ ਖ਼ੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਗੁਰਦਾਸਪੁਰ ਦੀ ਦਾਣਾ ਮੰਡੀ ਵਿੱਚ ਕਣਕ ਦੀ ਚੱਲ ਰਹੀ ਖ਼ਰੀਦ ਦਾ ਜਾਇਜ਼ਾ ਲਿਆ । ਅੱਜ ਆਪਣੇ ਦੌਰੇ ਦੌਰਾਨ ਉਨ੍ਹਾਂ ਨੇ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਗੱਲਬਾਤ ਕਰਕੇ ਮੰਡੀ ਵਿੱਚ ਚੱਲ ਰਹੀ ਕਣਕ ਦੀ ਖ਼ਰੀਦ ਬਾਰੇ ਜਾਣਕਾਰੀ ਹਾਸਲ ਕੀਤੀ।

ਕੈਬਨਿਟ ਮੰਤਰੀ ਨੇ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ’ਚ ਇਸ ਸੀਜ਼ਨ ਦੌਰਾਨ ਲਗਭਗ 125 ਲੱਖ ਮੀਟਰਿਕ ਟਨ ਕਣਕ ਮੰਡੀਆਂ ਵਿੱਚ ਆਉਣ ਦੀ ਸੰਭਾਵਨਾ ਏ। ਸ੍ਰੀ ਕਟਾਰੂਚੱਕ ਨੇ ਕਿਹਾ ਕਿ ਹੁਣ ਤੱਕ ਸੂਬੇ ਦੀਆਂ ਮੰਡੀਆਂ ’ਚ 37 ਲੱਖ ਮੀਟਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਏ , ਜਿਸ ਵਿੱਚੋਂ ਲਗਭਗ 33 ਲੱਖ ਮੀਟਰਿਕ ਟਨ ਤੋਂ ਵੱਧ ਦੀ ਖ਼ਰੀਦ ਹੋ ਚੁੱਕੀ ਏ। ਉਨ੍ਹਾਂ ਦੱਸਿਆ ਕਿ ਕਿਸਾਨਾਂ ਦੇ ਖਾਤਿਆਂ ’ਚ 3234 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਏ। ਕੈਬਨਿਟ ਮੰਤਰੀ ਨੇ ਖ਼ਰੀਦ ਕਾਰਜਾਂ ਨਾਲ ਜੁੜੇ ਸਮੂਹ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਕੀਤੀਆਂ ਕਿ ਮੰਡੀਆਂ ’ਚ ਕੋਈ ਵੀ ਢਿੱਲ-ਮੱਠ ਨਾ ਆਵੇ ਅਤੇ ਕਿਸੇ ਵੀ ਕਿਸਾਨ ਜਾਂ ਆੜ੍ਹਤੀ ਨੂੰ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਖ਼ਰੀਦੀ ਗਈ ਫ਼ਸਲ ਦੀ ਅਦਾਇਗੀ 24 ਘੰਟੇ ਦੇ ਅੰਦਰ-ਅੰਦਰ ਕੀਤੀ ਜਾ ਰਹੀ ਏ।

---------------------------------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪਿਛਲੇ ਤਿੰਨ ਸਾਲਾਂ ਵਿੱਚ ਸੂਬੇ ਵਿੱਚ ਜੀ.ਐਸ.ਟੀ ਦੀ ਵਸੂਲੀ ਪਿਛਲੇ ਪੰਜ ਸਾਲਾਂ ਦੇ ਮੁਕਾਬਲੇ ਤਿੰਨ ਗੁਣਾ ਤੱਕ ਵੱਧ ਗਈ ਏ। ਅੱਜ ਹੁਸ਼ਿਆਰਪੁਰ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ,

ਉਹਨਾਂ ਕਿਹਾ ਕਿ  ਕਿ 2017 ਤੋਂ 2022 ਤੱਕ ਜੀ.ਐਸ.ਟੀ ਵਸੂਲੀ 21 ਹਜ਼ਾਰ  286 ਕਰੋੜ ਸੀ ਜੋ ਕਿ 2022 ਤੋਂ 2025 ਦੇ ਤਿੰਨ ਸਾਲਾਂ ਦੌਰਾਨ 64 ਹਜ਼ਾਰ 253 ਕਰੋੜ ਤੇ ਪਹੁੰਚ ਗਈ ਏ । ਉਹ ਸੂਬਾ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਸਬੰਧੀ ਜਿਲ੍ਹੇ ਦੇ ਅਧਿਕਾਰੀਆਂ ਦੀ ਮੀਟਿੰਗ ਕਰਨ ਪੁਹੰਚੇ ਹੋਏ ਸਨ।

---------------------------------------------------------------------------

ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਜ਼ਿਲ੍ਹਾ ਮੋਗਾ ਦੇ ਨਸ਼ੇ ਦੇ ਮਰੀਜ਼ਾਂ ਨੂੰ ਨਸ਼ਾ ਛੁਡਾਉਣ ਦੇ ਨਾਲ ਨਾਲ ਹੁਨਰਮੰਦ ਵੀ ਕੀਤਾ ਜਾ ਰਿਹਾ ਏ । ਜ਼ਿਲ੍ਹਾ ਪ੍ਰਸ਼ਾਸਨ ਮੋਗਾ ਵੱਲੋਂ ਪਿੰਡ ਜਨੇਰ ਵਿਖੇ ਚਲਾਏ ਜਾ ਰਹੇ ਸਰਕਾਰੀ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰ ਵਿੱਚ ਦਾਖਲ ਮਰੀਜ਼ਾਂ ਨੂੰ ਇਲੈਕਟਰੀਸ਼ੀਅਨ ਦੀ ਸਿਖਲਾਈ ਦਿੱਤੀ ਜਾ ਰਹੀ ਏ,ਤਾਂ ਜੋ ਇਹ ਮਰੀਜ਼ ਤੰਦਰੁਸਤ ਹੋਣ ਉਪਰੰਤ ਬਾਹਰ ਜਾ ਕੇ ਆਪਣੇ ਪੈਰਾਂ ਉੱਤੇ ਖੜ੍ਹੇ ਹੋ ਸਕਣ । ਇਹ ਪ੍ਰੋਗਰਾਮ ਪੰਜਾਬ ਹੁਨਰ ਵਿਕਾਸ ਮਿਸ਼ਨ ਦੁਆਰਾ ਰੈੱਡ ਕਰਾਸ ਸੋਸਾਇਟੀ ਦੇ ਸਹਿਯੋਗ ਨਾਲ ਚਲਾਇਆ ਜਾ ਰਿਹਾ ਏ । ਇਸ ਪਹਿਲਕਦਮੀ ਤਹਿਤ, 41 ਮਰੀਜ਼ ਦੋ ਬੈਚਾਂ ਵਿੱਚ ਮੁਫ਼ਤ ਇਲੈਕਟ੍ਰੀਸ਼ੀਅਨ ਸਿਖਲਾਈ ਪ੍ਰਾਪਤ ਕਰ ਰਹੇ ਨੇ। ਸਿਖਲਾਈ ਪੂਰੀ ਹੋਣ 'ਤੇ, ਸਿਖਿਆਰਥੀਆਂ ਨੂੰ ਆਪਣਾ ਉੱਦਮ ਸ਼ੁਰੂ ਕਰਨ ਲਈ ਪ੍ਰਮਾਣਿਤ

ਸਰਟੀਫਿਕੇਟ ਦਿੱਤੇ ਜਾਣਗੇ। ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਜ਼ੋਰ ਦੇ ਕੇ ਕਿਹਾ ਕਿ ਮਰੀਜ਼ਾਂ ਵਿੱਚ ਮਨੋਰੰਜਨ ਗਤੀਵਿਧੀਆਂ ਅਤੇ ਹੁਨਰ ਵਿਕਾਸ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਏ, ਤਾਂ ਜੋ ਉਨ੍ਹਾਂ ਦੇ ਮੁੜ ਵਸੇਬੇ ਵਿੱਚ ਸਹਾਇਤਾ ਕੀਤੀ ਜਾ ਸਕੇ। **Byte**:

ਇਕ ਸਿਖਿਆਰਥੀ ਨੇ ਇਹ ਸਿਖਲਾਈ ਪ੍ਰਦਾਨ ਕਰਨ ਲਈ, ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕੀਤਾ **।Byte:**

-----------------------------------------------------------------------------------

ਭਾਰਤੀ ਮਿਆਰ ਬਿਊਰੋ ਵਲੋਂ ਜ਼ਿਲ੍ਹਾ ਪਟਿਆਲਾ ਦੇ ਸਾਰੇ ਬੀ ਡੀ ਪੀ ਦਫਤਰਾਂ ਵਿਖੇ ਬੀ.ਆਈ.ਐਸ. ਦੇ ਪਰਵਾਣੂ ਬ੍ਰਾਂਚ ਹਿਮਾਚਲ ਪ੍ਰਦੇਸ਼ ਦੇ ਡਾਇਰੈਕਟਰ ਐਸ ਸੀ ਨਾਇਕ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਿਸਾਨਾਂ ਲਈ ਖੇਤੀ ਦੇ ਅਧਾਰਿਤ ਅਤੇ ਹੋਰ ਲੋੜਾਂ ਅਨੁਸਾਰ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਨੇ । ਇਸ ਤਹਿਤ ਪਟਿਆਲਾ ਦਾ ਦੂਸਰਾ ਪ੍ਰੋਗਰਾਮ ਬਲਾਕ ਰਾਜਪੁਰਾ ਵਿਖੇ 22 ਅਪ੍ਰੈਲ ਨੂੰ ਕਰਵਾਇਆ ਜਾ ਰਿਹਾ ਏ । ਇਸ ਮੌਕੇ ਸਰਪੰਚਾਂ, ਪੰਚਾਂ ਅਤੇ ਸਕੱਤਰਾਂ ਨੂੰ ਜਾਣਕਾਰੀ ਅਧਾਰਿਤ ਈ ਕਿਤਾਬਚਾ ਵੰਡਿਆ ਜਾਵੇਗਾ। ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਅਤੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਇਸ਼ਾ ਸਿੰਗਲ ਅਤੇ ਜ਼ਿਲ੍ਹਾ ਪੇਂਡੂ ਵਿਕਾਸ ਅਤੇ ਪੰਚਾਇਤ ਅਫ਼ਸਰ ਦੇ ਸਹਿਯੋਗ ਨਾਲ ਇਸ ਲੜੀ ਵਿੱਚ ਆਯੋਜਿਤ ਕੀਤੇ ਜਾ ਰਹੇ ਇਸ ਸਮਾਗਮ ਦਾ ਮੁੱਖ ਮੰਤਵ ਗ੍ਰਾਮ

ਪੰਚਾਇਤ ਨੂੰ ਕਿਸੇ ਵੀ ਵਿਕਾਸ ਗਤੀਵਿਧੀ ਜਾਂ ਨਿੱਜੀ ਲੋੜਾਂ ਲਈ ਗੁਣਵੱਤਾ ਵਾਲੀਆਂ ਚੀਜ਼ਾਂ ਦੀ ਖਰੀਦ ਲਈ ਮਿਆਰਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਜਾ ਸਕੇ।

---------------------------------------------------------------------------

IPL ਕ੍ਰਿਕਟ ਵਿੱਚ, ਕੋਲਕਾਤਾ ਨਾਈਟ ਰਾਈਡਰਜ਼ ਦਾ ਮੁਕਾਬਲਾ ਗੁਜਰਾਤ ਟਾਈਟਨਜ਼ ਨਾਲ ਹੋਵੇਗਾ। ਇਹ ਮੈਚ ਕੋਲਕਾਤਾ ਦੇ ਈਡਨ ਗਾਰਡਨ ਸਟੇਡੀਅਮ ਵਿੱਚ ਸ਼ਾਮ ਸਾਢੇ 7 ਵਜੇ ਖੇਡਿਆ ਜਾਵੇਗਾ। ਗੁਜਰਾਤ ਸੱਤ ਵਿੱਚੋਂ ਪੰਜ ਮੈਚ ਜਿੱਤ ਕੇ 10 ਅੰਕਾਂ ਨਾਲ ਅੰਕ ਸੂਚੀ ਵਿੱਚ ਸਿਖਰ 'ਤੇ ਏ। ਜਦੋਂ ਕਿ ਕੋਲਕਾਤਾ ਸੱਤਵੇਂ ਸਥਾਨ 'ਤੇ ਏ।

---------------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ - ਭਾਰਤ ਸ਼ਾਸਨ, ਪਾਰਦਰਸ਼ਤਾ ਅਤੇ ਨਵੀਨਤਾ ਵਿੱਚ ਨਵੇਂ ਮਾਪਦੰਡ ਸਥਾਪਤ ਕਰ ਰਿਹਾ ਏ -ਸ਼੍ਰੀ ਮੋਦੀ ਨੇ ਨੌਜਵਾਨਾਂ, ਕਿਸਾਨਾਂ ਅਤੇ ਔਰਤਾਂ ਦੀਆਂ ਇੱਛਾਵਾਂ ਨੂੰ ਪੂਰਾ ਕਰਨ ਲਈ ਲੋਕ ਸੇਵਕਾਂ ਨੂੰ ਅਸਾਧਾਰਨ ਗਤੀ ਨਾਲ ਕੰਮ ਕਰਨ ਦੀ ਕੀਤੀ ਅਪੀਲ।
- ਕਰਮਚਾਰੀ ਭਵਿੱਖ ਨਿਧੀ ਸੰਗਠਨ ਨੇ, ਇਸ ਸਾਲ ਫਰਵਰੀ ਮਹੀਨੇ ਦੌਰਾਨ, ਕੁੱਲ 16 ਲੱਖ 10 ਹਜ਼ਾਰ ਮੈਂਬਰਾਂ ਦਾ ਵਾਧਾ ਦਰਜ ਕੀਤਾ।

- ਪੰਜਾਬ ਦੇ ਖ਼ੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਗੁਰਦਾਸਪੁਰ ਵਿਚ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ -ਕਿਹਾ ਕਿਸਾਨਾਂ ਨੂੰ ਖ਼ਰੀਦੀ ਗਈ ਫ਼ਸਲ ਦੀ ਅਦਾਇਗੀ 24 ਘੰਟੇ ਦੇ ਅੰਦਰ-ਅੰਦਰ ਕੀਤੀ ਜਾ ਰਹੀ ਏ।
- ਮੋਗਾ ਜ਼ਿਲਾ ਪ੍ਰਸ਼ਾਸਨ ਵਲੋਂ ਨਸ਼ਾਂ ਛੱਡਣ ਵਾਲੇ ਨੌਜਵਾਨਾਂ ਨੂੰ ਕਿੱਤਾਮੁਖੀ ਸਿਖਲਾਈ ਦਿੱਤੀ ਜਾ ਰਹੀ ਏ।
- IPL ਕ੍ਰਿਕਟ ਵਿੱਚ, ਕੋਲਕਾਤਾ ਨਾਈਟ ਰਾਈਡਰਜ਼ ਦਾ ਮੁਕਾਬਲਾ ਗੁਜਰਾਤ ਟਾਈਟਨਜ਼ ਨਾਲ ਹੋਵੇਗਾ।